# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :12-12-2025**

ਕਾਂਗਰਸ ਦੇ ਸੀਨੀਅਰ ਨੇਤਾ ਅਤੇ ਸਾਬਕਾ ਕੇਂਦਰੀ ਗ੍ਰਿਹ ਮੰਤਰੀ ਸ਼ਿਵਰਾਜ ਪਾਟਿਲ ਦਾ ਅੱਜ ਲਾਤੂਰ ਵਿੱਚ ਦੇਹਾਂਤ ਹੋ ਗਿਆ। ਉਹ 91 ਸਾਲ ਦੇ ਸਨ। ਸ਼੍ਰੀ ਪਾਟਿਲ ਨੇ ਅੱਜ ਸਵੇਰੇ ਸਾਢੇ 6 ਵਜੇ ਆਪਣੇ ਨਿਵਾਸ ਸਥਾਨ 'ਤੇ ਆਖਰੀ ਸਾਹ ਲਿਆ। ਆਪਣੇ ਲੰਬੇ ਰਾਜਨੀਤਿਕ ਸਫ਼ਰ ਦੌਰਾਨ, ਸ਼੍ਰੀ ਪਾਟਿਲ ਨੇ ਲੋਕ ਸਭਾ ਦੇ ਸਪੀਕਰ ਅਤੇ ਕੇਂਦਰ ਸਰਕਾਰ ਵਿੱਚ ਕਈ ਅਹਿਮ ਵਿਭਾਗਾਂ ਸਮੇਤ ਕਈ ਮਹੱਤਵਪੂਰਨ ਅਹੁਦਿਆਂ 'ਤੇ ਕੰਮ ਕੀਤਾ। ਉਹ ਲਾਤੂਰ ਹਲਕੇ ਤੋਂ ਸੱਤ ਵਾਰ ਲੋਕ ਸਭਾ ਲਈ ਚੁਣੇ ਗਏ ਸਨ। ਉਨ੍ਹਾਂ ਨੇ ਕੇਂਦਰ ਸਰਕਾਰ ਵਿੱਚ ਗ੍ਰਿਹ ਮੰਤਰੀ ਅਤੇ ਪੰਜਾਬ ਤੇ ਰਾਜਸਥਾਨ ਦੇ ਰਾਜਪਾਲ ਵਜੋਂ ਮਹੱਤਵਪੂਰਨ ਅਹੁਦਿਆਂ 'ਤੇ ਵੀ ਕੰਮ ਕੀਤਾ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਸਾਬਕਾ ਕੇਂਦਰੀ ਮੰਤਰੀ ਸ਼ਿਵਰਾਜ ਪਾਟਿਲ ਦੇ ਦੇਹਾਂਤ 'ਤੇ ਸੋਗ ਪ੍ਰਗਟ ਕੀਤਾ ਏ।

---------------------------------------------------------------------------

ਓਧਰ ਲੋਕ ਸਭਾ ਨੇ ਵੀ ਸਾਬਕਾ ਸਪੀਕਰ ਸ਼ਿਵਰਾਜ ਪਾਟਿਲ ਨੂੰ ਸ਼ਰਧਾਂਜਲੀ ਭੇਟ ਕੀਤੀ ਏ। ਸਦਨ ਦੀ ਕਾਰਵਾਈ ਸਵੇਰੇ 11 ਵਜੇ ਸ਼ੁਰੂ ਹੋਣ 'ਤੇ ਸਪੀਕਰ ਓਮ ਬਿਰਲਾ ਨੇ ਸ਼ਿਵਰਾਜ ਪਾਟਿਲ ਦੇ ਦੇਹਾਂਤ ਦੀ ਜਾਣਕਾਰੀ ਦਿੱਤੀ।

Byte

ਲੋਕ ਸਭਾ ਅਤੇ ਰਾਜ ਸਭਾ ਨੇ 13 ਦਸੰਬਰ 2001 ਵਿੱਚ, ਸੰਸਦ ਹਮਲੇ ਦੇ ਸ਼ਹੀਦਾਂ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਦੇ ਸਨਮਾਨ ਵਿੱਚ, ਦੋ ਮਿੰਟ ਦਾ ਮੌਨ ਰੱਖਿਆ ਗਿਆ।

------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਕੱਲ੍ਹ ਪਟਿਆਲਾ ਜ਼ਿਲ੍ਹੇ ਵਿੱਚ ਰੀਤਖੇੜੀ ਲਿੰਕ ਸੜਕ ਦੇ ਨਿਰਮਾਣ ਵਿੱਚ ਬੇਨਿਯਮੀਆਂ ਦਾ ਪਤਾ ਲੱਗਣ ਤੋਂ ਬਾਅਦ ਠੇਕੇਦਾਰ ਵਿਰੁੱਧ ਕਾਰਨ ਦੱਸੋ ਨੋਟਿਸ ਜਾਰੀ ਕਰਨ ਅਤੇ ਉਸ ਦੀਆਂ ਅਦਾਇਗੀਆਂ ਰੋਕਣ ਦੇ ਹੁਕਮ ਦਿੱਤੇ ਨੇ। ਜ਼ਿਕਰਯੋਗ ਏ ਕਿ ਮੁੱਖ ਮੰਤਰੀ ਨੇ ਤਿੰਨ ਨਿਰਮਾਣ ਅਧੀਨ ਸੜਕਾਂ ਦੀ ਜਾਂਚ ਕੀਤੀ, ਜਿਨ੍ਹਾਂ ਵਿੱਚੋਂ ਦੋ ਸੜਕਾਂ ਦਾ ਨਿਰਮਾਣ ਕਾਰਜ ਸਹੀ ਪਾਇਆ ਗਿਆ, ਜਦੋਂ ਕਿ ਇੱਕ ਸੜਕ ਦੇ ਨਿਰਮਾਣ ਵਿੱਚ ਖ਼ਾਮੀ ਪਾਈ ਗਈ। ਨਿਰਮਾਣ ਅਧੀਨ ਸੜਕ ਦਾ ਅਚਨਚੇਤ ਨਿਰੀਖਣ ਕਰਨ ਪੁੱਜੇ

ਮੁੱਖ ਮੰਤਰੀ ਨੇ ਸੜਕ ਦੇ ਨਮੂਨੇ ਲੈਣ ਤੋਂ ਬਾਅਦ ਸੜਕ ਦੇ ਨਿਰਮਾਣ ਵਿੱਚ ਨਿਰਧਾਰਤ ਮਾਪਦੰਡਾਂ ਦੀ ਪਾਲਣਾ ਨਾ ਕਰਨ 'ਤੇ ਨਾਰਾਜ਼ਗੀ ਜ਼ਾਹਰ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਨਿਰਮਾਣ ਅਧੀਨ ਸੜਕਾਂ ਦੀ ਜਾਂਚ ਦਾ ਉਦੇਸ਼ ਸੂਬੇ ਭਰ ਵਿੱਚ ਬਣ ਰਹੀਆਂ ਸੜਕਾਂ ਦੀ ਗੁਣਵੱਤਾ ਦੀ ਜਾਂਚ ਕਰਨਾ ਏ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਵੱਡੀ ਰਕਮ ਖਰਚ ਕੀਤੀ ਜਾ ਰਹੀ ਏ, ਇਸ ਲਈ ਇਹ ਮੁਹਿੰਮ ਸੂਬੇ ਵਿੱਚ ਉੱਚ ਗੁਣਵੱਤਾ ਵਾਲੀਆਂ ਸੜਕਾਂ ਦੇ ਨਿਰਮਾਣ ਨੂੰ ਯਕੀਨੀ ਬਣਾਉਣ ਲਈ ਸ਼ੁਰੂ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਉਹ ਆਉਣ ਵਾਲੇ ਦਿਨਾਂ ਵਿੱਚ ਵੀ ਇਸ ਅਚਨਚੇਤ ਜਾਂਚ ਨੂੰ ਜਾਰੀ ਰੱਖਣਗੇ ਕਿਉਂਕਿ ਉਹ ਇਹ ਯਕੀਨੀ ਬਣਾਉਣ ਲਈ ਵਚਨਬੱਧ ਨੇ ਕਿ ਜਨਤਕ ਪੈਸੇ ਦੀ ਸਹੀ ਵਰਤੋਂ ਹੋਵੇ।

-----------------------------------------------------------------------------

ਅੱਜ ਸਵੇਰੇ ਮਾਤਾ ਚਿੰਤਪੁਰਨੀ ਤੋਂ ਮੱਥਾ ਟੇਕ ਕੇ ਵਾਪਸ ਬਟਾਲਾ ਜਾ ਰਹੇ ਇਕ ਪਰਿਵਾਰ ਨਾਲ ਸੜਕ ਹਾਦਸਾ ਵਾਪਰ ਗਿਆ । ਮੁਕੇਰੀਆਂ ਤੋਂ ਗੁਰਦਾਸਪੁਰ ਨੂੰ ਜਾਂਦੇ ਰੋਡ ਤੇ ਇਸ ਪਰਿਵਾਰ ਦੀ ਕਾਰ ਅੱਗੇ ਜਾ ਰਹੀ ਗੰਨੇ ਨਾਲ ਭਰੀ ਟਰਾਲੀ ਨਾਲ ਟੱਕਰਾ ਗਈ। ਹਾਦਸੇ ਵਿਚ ਕਾਰ ਸਵਾਰ ਦੋ ਔਰਤਾਂ ਅਤੇ ਇੱਕ ਬੱਚੇ ਸਮੇਤ ਛੇ ਦੇ ਛੇ ਲੋਕ ਜ਼ਖ਼ਮੀ ਹੋ ਗਏ। ਬੱਚੇ

ਅਤੇ ਇਕ ਔਰਤ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਏ। ਜ਼ਖ਼ਮੀਆਂ ਨੂੰ ਸੜਕ ਸੁਰੱਖਿਆ ਬਲ ਦੀ ਟੀਮ ਨੇ ਮੌਕੇ ’ਤੇ ਪਹੁੰਚ ਕੇ ਮੁਕੇਰੀਆਂ ਹਸਪਤਾਲ ਪਹੁੰਚਾਇਆ। ਥਾਣਾ ਪੁਰਾਨਾ ਸ਼ਾਲਾ ਦੇ ਐਸ.ਐਚ.ਓ. ਸੁਰਿੰਦਰ ਸਿੰਘ ਨੇ ਦੱਸਿਆ ਕਿ ਜਾਂਚ ਮਗਰੋਂ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

--------------------------------------------------------------------------------

ਖੇਤਰੀ ਪਾਸਪੋਰਟ ਦਫ਼ਤਰ ਜਲੰਧਰ ਵਿਖੇ 17 ਦਸੰਬਰ ਨੂੰ ਪਾਸਪੋਰਟ ਦਫ਼ਤਰ ਵਲੋਂ ਸਾਰੀਆਂ ਸ੍ਰੇਣੀਆਂ ਦੇ ਬਿਨੈਕਾਰਾਂ ਦੀਆਂ ਪਾਸਪੋਰਟ ਸਬੰਧੀ ਬਕਾਇਆ ਬਿਨੈਪੱਤਰਾਂ ਦੇ ਨਿਪਟਾਰੇ ਲਈ ‘ਪਾਸਪੋਰਟ ਅਦਾਲਤ’ ਲਾਈ ਜਾ ਰਹੀ ਏ। ਜਲੰਧਰ ਦੇ ਖੇਤਰੀ ਪਾਸਪੋਰਟ ਅਫ਼ਸਰ ਯਸ਼ ਪਾਲ ਨੇ ਦੱਸਿਆ ਕਿ 31 ਅਕਤੂਬਰ ਜਾਂ ਇਸ ਤੋਂ ਪਹਿਲਾਂ ਪਾਸਪੋਰਟ ਲਈ ਬਿਨੈਪੱਤਰ ਜਮ੍ਹਾ ਕਰਵਾਉਣ ਵਾਲੇ ਸਾਰੀਆਂ ਸ੍ਰੇਣੀਆਂ ਦੇ ਬਿਨੈਕਾਰਾਂ ਜਿਨ੍ਹਾਂ ਦੀਆਂ ਅਰਜ਼ੀਆਂ ਕਿਸੇ ਕਾਰਨ ਕਰਕੇ ਬਕਾਇਆ ਰਹਿ ਗਈਆਂ ਨੇ, ਦੇ ਨਿਪਟਾਰੇ ਲਈ ਪਾਸਪੋਰਟ ਅਦਾਲਤ ਲਾਈ ਜਾ ਰਹੀ ਏ। ਉਨ੍ਹਾਂ 31 ਅਕਤੂਬਰ ਜਾਂ ਇਸ ਤੋਂ ਪਹਿਲਾਂ ਪਾਸਪੋਰਟ ਅਪਲਾਈ ਕਰਨ ਵਾਲੇ ਸਾਰੇ ਬਿਨੈਕਾਰਾਂ ਨੂੰ ਅਪੀਲ ਕੀਤੀ ਕਿ ਪਾਸਪੋਰਟ ਦਫ਼ਤਰ ਵਿਖੇ  ਸਵੇਰੇ 9:30 ਵਜੇ ਤੋਂ ਦੁਪਹਿਰ 12:30 ਵਜੇ ਤੱਕ ਲੋੜੀਂਦੇ ਦਸਤਾਵੇਜ਼ਾਂ ਸਮੇਤ

ਪਹੁੰਚ ਕੇ ਬਕਾਇਆ ਬਿਨੈਪੱਤਰਾਂ ਦਾ ਨਿਪਟਾਰਾ ਕਰਵਾਉਣ। ਉਨ੍ਹਾਂ ਸਪਸ਼ਟ ਕੀਤਾ ਕਿ ਪਾਸਪੋਰਟ ਸਬੰਧੀ ਸੇਵਾਵਾਂ ਲਈ ਵਿਦੇਸ਼ ਮੰਤਰਾਲੇ ਵਲੋਂ ਕਿਸੇ ਵੀ ਸੰਸਥਾ ਜਾਂ ਵਿਚੋਲੀਏ ਨੂੰ ਅਧਿਕਾਰਤ ਨਹੀਂ ਕੀਤਾ ਗਿਆ। ਉਨ੍ਹਾ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਾਸਪੋਰਟ ਵਿਦੇਸ਼ ਮੰਤਰਾਲੇ ਦੀ ਅਧਿਕਾਰਤ ਵੈਬਸਾਈਟ ਰਾਹੀਂ ਅਪਲਾਈ ਕਰਨ ਅਤੇ ਕਿਸੇ ਵੀ ਵਿਚੋਲੇ ਤੇ ਏਜੰਟ ਦੇ ਝਾਂਸੇ ਤੇ ਸੰਪਰਕ ਵਿੱਚ ਨਾ ਆਉਣ। ਉਨ੍ਹਾਂ ਕਿਹਾ ਕਿ ਬਿਨੈਕਾਰ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਹਾਸਿਲ ਕਰਨ ਲਈ ਪਾਸਪੋਰਟ ਦਫ਼ਤਰ ਨਾਲ ਸੰਪਰਕ ਕਰ ਸਕਦੇ ਨੇ।

-------------------------------------------------------------------------------

ਭਾਰਤੀ ਮੌਸਮ ਵਿਭਾਗ (IMD) ਨੇ ਅੱਜ ਪੰਜਾਬ, ਚੰਡੀਗੜ੍ਹ, ਹਰਿਆਣਾ, ਦਿੱਲੀ ਅਤੇ ਹਿਮਾਚਲ ਪ੍ਰਦੇਸ਼ ਦੇ ਕਈ ਹਿੱਸਿਆਂ ਵਿੱਚ ਸੰਘਣੀ ਧੁੰਦ ਪੈਣ ਦੀ ਪੇਸ਼ੀਨਗੋਈ ਕੀਤੀ ਏ । ਉਧਰ ਦਿੱਲੀ-NCR ਵਿੱਚ ਹਵਾ ਦੀ ਗੁਣਵੱਤਾ ਬਹੁਤ ਮਾੜੀ ਸ਼੍ਰੇਣੀ ਵਿੱਚ ਬਣੀ ਹੋਈ ਏ। ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਅਨੁਸਾਰ, ਅੱਜ ਸਵੇਰੇ 7 ਵਜੇ ਤੱਕ ਰਾਸ਼ਟਰੀ ਰਾਜਧਾਨੀ ਦਾ ਔਸਤ ਹਵਾ ਗੁਣਵੱਤਾ ਸੂਚਕਾਂਕ (AQI) 329 ਦਰਜ ਕੀਤਾ ਗਿਆ ਏ।

-------------------------------------------------------------------------------